ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਪ੍ਰਵਾਸੀ ਮਜ਼ਦੂਰਾਂ ਨੂੰ ਲੈ ਕੇ ਤੀਜੀ 'ਸ੍ਰਮਿਕ ਐਕਸਪ੍ਰੈਸ' ਰੇਲ ਗੱਡੀ ਬਠਿੰਡਾ ਤੋਂ ਬਿਹਾਰ ਲਈ ਰਵਾਨਾ

ਪੰਜਾਬ ਸਰਕਾਰ ਦੇ ਯਤਨਾਂ ਸਦਕਾ 1521 ਮਜ਼ਦੂਰ ਸ਼ੁੱਕਰਵਾਰ ਪਹੁੰਚਣਗੇ ਆਪਣੇ ਘਰੋਂ ਘਰੀ

ਪ੍ਰਵਾਸੀ ਮਜ਼ਦੂਰਾਂ ਨੇ ਕੀਤਾ ਸੂਬਾ ਸਰਕਾਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ

ਬਠਿੰਡਾ 14 ਮਈ : ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਪ੍ਰਵਾਸੀਆਂ ਨੂੰ ਬਠਿੰਡਾ ਤੋਂ ਉਨਾਂ ਦੇ ਜੱਦੀ ਸੂਬਿਆਂ ਨੂੰ ਵਾਪਿਸ ਭੇਜਣ ਲਈ ਚਲਾਈਆਂ ਗਈਆਂ ਵਿਸ਼ੇਸ਼ ਰੇਲ ਗੱਡੀਆਂ ਦੀ ਲੜੀ ਵਜੋਂ ਅੱਜ ਬਠਿੰਡਾ ਤੋਂ ਬਿਹਾਰ ਲਈ 1521 ਪ੍ਰਵਾਸੀ ਮਜ਼ਦੂਰਾਂ ਨੂੰ ਲੈ ਕੇ  ਰੇਲ ਰਵਾਨਾ ਹੋਈ। ਇਹ ਤੀਸਰੀ ਰੇਲ ਗੱਡੀ ਸ਼ੁੱਕਰਵਾਰ ਨੂੰ ਸਵੇਰੇ ਤਕਰੀਬਨ 9:30 ਵਜੇ ਬਿਹਾਰ ਰਾਜ ਦੇ ਬਾਪੂ ਧਾਮ ਮੋਤੀਹਾਰੀ ਰੇਲਵੇ ਸਟੇਸ਼ਨ 'ਤੇ ਪਹੁੰਚੇਗੀ। ਇਸ ਮੁਸਾਫ਼ਰ ਗੱਡੀ 'ਤੇ 8,92,080 ਰੁਪਏ ਦਾ ਖ਼ਰਚ ਸਰਕਾਰ ਵਲੋਂ ਕੀਤਾ ਗਿਆ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ਼ੀ ਬੀ ਸ੍ਰੀਨਿਵਾਸਨ ਨੇ ਦਿੱਤੀ।

ਇਸ ਮੌਕੇ ਐਸ.ਡੀ.ਐਮ. ਬਠਿੰਡਾ ਸ੍ਰੀ ਅਮਰਿੰਦਰ ਸਿੰਘ ਟਿਵਾਣਾ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਥੋਂ ਰਵਾਨਾ ਹੋਈ ਇਸ ਗੱਡੀ ਵਿਚ ਯਾਤਰੀਆਂ ਨੂੰ ਭੋਜਨ ਅਤੇ ਪਾਣੀ ਜ਼ਿਲਾ ਪ੍ਰਸ਼ਾਸਨ ਵਲੋਂ ਮੁਹੱਈਆ ਕਰਵਾਇਆ ਗਿਆ ਹੈ। ਉਨਾਂ ਨੇ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੇ ਸਮੇਂ ਵਿੱਚ ਪੰਜਾਬ ਵਿੱਚ ਫਸੇ ਦੂਜੇ ਰਾਜਾਂ ਦੇ ਨਾਗਰਿਕਾਂ ਦੀ ਹਰ ਸੰਭਵ ਮਦਦ ਕਰ ਰਹੀ ਹੈ। ਇਸ ਮੌਕੇ ਉਨਾਂ ਰਹਿ ਗਏ ਪ੍ਰਵਾਸੀ ਮਜ਼ਦੂਰਾਂ ਨੂੰ ਇਹ ਭਰੋਸਾ ਦਿਵਾਇਆ ਕਿ ਜੋ ਇਸ ਸਮੇਂ ਹੋਰ ਵੀ ਪ੍ਰਵਾਸੀ ਮਜ਼ਦੂਰ ਫ਼ਸੇ ਹਨ ਉਨਾਂ ਨੂੰ ਵੀ ਆਪੋ ਆਪਣੇ ਰਾਜਾਂ ਵਿੱਚ  ਸੁਰੱਖਿਅਤ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਹ ਸਹੂਲਤ ਪ੍ਰਵਾਸੀ ਮਜ਼ਦੂਰਾਂ ਨੂੰ ਸਰਕਾਰ ਵਲੋਂ ਮੁਫ਼ਤ ਮੁਹੱਈਆ ਕਰਵਾਈ ਗਈ ਅਤੇ ਮਜ਼ਦੂਰਾਂ ਨੇ ਸੂਬਾ ਸਰਕਾਰ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

ਇਸ ਮੌਕੇ ਬਠਿੰਡਾ ਦੇ ਰੇਲਵੇ ਸਟੇਸ਼ਨ ਮੈਨੇਜ਼ਰ ਸ੍ਰੀ ਪ੍ਰਦੀਪ ਸ਼ਰਮਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਬਠਿੰਡਾ ਦੀ ਦੇਖ-ਰੇਖ ਹੇਠ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਤਾਂ ਜੋ ਯਾਤਰੀਆਂ ਨੂੰ ਸਫਰ ਦੌਰਾਨ ਕਿਸੇ ਵੀ ਕਿਸਮ ਦੀ ਕੋਈ ਸਮੱਸਿਆ ਦਰਪੇਸ਼ ਨਾ ਆਵੇ। ਇਸ ਮੌਕੇ ਟਰੇਨ ਚੱਲਣ 'ਤੇ ਪ੍ਰਵਾਸੀ ਮਜ਼ਦੂਰਾਂ ਦੇ ਚਿਹਰਿਆਂ 'ਤੇ ਬਹੁਤ ਜ਼ਿਆਦਾ ਖ਼ੁਸ਼ੀ ਝਲਕ ਰਹੀ ਸੀ 'ਤੇ ਉਨਾਂ ਨੇ ਤਾੜੀਆਂ ਮਾਰ ਕੇ ਤੇ ਹੱਥ ਹਿਲਾ ਕੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਇਸ ਮੌਕੇ ਤਹਿਸੀਲਦਾਰ ਬਠਿੰਡਾ ਸ੍ਰੀ ਸੁਖਬੀਰ ਸਿੰਘ ਬਰਾੜ ਤੋਂ ਇਲਾਵਾ ਜ਼ਿਲਾ ਤੇ ਪੁਲਿਸ ਪ੍ਰਸ਼ਾਸਨ ਅਤੇ ਰੇਲਵੇ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।

I/24767/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ , ਬਠਿੰਡਾ

ਕੋਰੋਨਾ ਸਬੰਧੀ ਜਾਗਰੂਕਤਾ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਹੈ ਸਿਹਤ ਵਿਭਾਗ ਬਠਿੰਡਾ ਦਾ ਮਾਸ ਮੀਡੀਆ ਵਿੰਗ

ਬਠਿੰਡਾ, 14 ਮਈ 2020 (      ) : ਨੋਵਲ ਕਰੋਨਾ ਵਾਇਰਸ ਨੂੰ ਠੱਲ ਪਾਉਣ ਅਤੇ ਇਸ ਦੇ ਖਾਤਮੇ ਲਈ ਜਾਗਰੂਕਤਾ ਹੀ ਇੱਕ ਵਧੀਆ ਅਤੇ ਵੱਡਾ ਹਥਿਆਰ ਹੈ। ਇਸ ਭਿਆਨਕ ਬਿਮਾਰੀ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦਾ ਹਰੇਕ ਵਰਗ ਦਿਨ -ਰਾਤ ਆਮ ਲੋਕਾਂ ਨੂੰ ਸ਼ਾਨਦਾਰ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਇਸ ਦੇ ਮੱਦੇਨਜ਼ਰ ਸਿਹਤ ਵਿਭਾਗ ਬਠਿੰਡਾ ਦੇ ਮਾਸ ਮੀਡੀਆ ਵਿੰਗ ਵੱਲੋਂ ਜਾਗਰੂਕਤਾ ਦਾ ਸੁਨੇਹਾ ਘਰ -ਘਰ ਪਹੁੰਚਾਉਣ ਲਈ ਜ਼ਮੀਨੀ ਪੱਧਰ 'ਤੇ ਪਿੰਡ- ਪਿੰਡ, ਹਰ ਗਲੀ ਮਹੁੱਲੇ ਤੱਕ ਪਹੁੰਚ ਕਰਕੇ ਇਸ ਬਿਮਾਰੀ ਤੋਂ ਬਚਾਉ ਲਈ ਪੂਰੀ ਹੀ ਸੰਜੀਦਗੀ ਨਾਲ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।

ਸਿਵਲ ਸਰਜਨ ਬਠਿੰਡਾ ਡਾ. ਅਮਰੀਕ ਸਿੰਘ ਸੰਧੂ ਨੇ ਕਿਹਾ ਕਿ ਸਿਹਤ ਵਿਭਾਗ ਦੇ ਮਾਸ ਮੀਡੀਆ ਵਿੰਗ ਦੀ ਪੂਰੀ ਟੀਮ ਵੱਲੋਂ ਕੀਤਾ ਜਾ ਰਿਹਾ ਹੈ ਕੰਮ ਬਹੁਤ ਹੀ ਸਲਾਘਾਯੋਗ ਹੈ। ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ ਤੇ ਜਾਰੀ ਕੀਤੀਆਂ ਜਾ ਰਹੀਆਂ ਹਦਾਇਤਾਂ ਅਤੇ ਅਡਵਾਇਜਿਰੀ ਨੂੰ ਸਟਾਫ ਅਤੇ ਲੋਕਾਂ ਤੱਕ ਪਹੁੰਚਾਉਣ ਲਈ ਲੋਕ ਸੰਪਰਕ ਵਿਭਾਗ, ਪੁਲਿਸ ਵਿਭਾਗ, ਮੀਡੀਆ ਅਤੇ ਪੰਚਾਇਤਾਂ ਨਾਲ ਬਾਖੂਬੀ ਤਾਲਮੇਲ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਭਾਰਤ ਵਿੱਚ 22 ਮਾਰਚ ਤੋਂ ਲਾਕਡਾਊਨ ਚੱਲ ਰਿਹਾ ਹੈ, ਉਸ ਸਮੇਂ ਤੋਂ ਹੀ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਨੂੰ ਜ਼ਿਲਾ ਪੱਧਰ ਅਤੇ ਬਲਾਕਾਂ ਅਧੀਨ ਸਿਹਤ ਕੇਂਦਰਾਂ ਅਤੇ ਪਿੰਡਾਂ ਵਿੱਚ ਪਹੁੰਚ ਕਰਕੇ ਲੋਕਾਂ ਨੂੰ ਕਰੋਨਾ ਵਾਇਰਸ ਦੇ ਲੱਛਣਾਂ, ਸਾਵਧਾਨੀਆਂ ਓਤੇ ਬਚਾਉ ਬਾਰੇ ਜਾਣਕਾਰੀ ਮੁੱਹਈਆ ਕਰਵਾਈ ਜਾ ਰਹੀ ਹੈ।

ਸਿਹਤ ਵਿਭਾਗ ਬਠਿੰਡਾ ਦੇ ਜ਼ਿਲਾ ਮਾਸ ਮੀਡੀਆ ਅਫਸਰ ਸ੍ਰੀ ਜਗਤਾਰ ਸਿੰਘ ਬਰਾੜ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਸ. ਬਲਬੀਰ ਸਿੰਘ ਸਿੱਧੂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ, ਮੁਫਤ ਇਲਾਜ ਦੀਆਂ ਸੇਵਾਵਾਂ, ਭਲਾਈ ਸਕੀਮਾਂ ਅਤੇ ਸਿਹਤ ਸਿੱਖਿਆ ਆਮ ਜਨਤਾ ਤੱਕ ਪਹੁੰਚਾਉਣ ਵਾਲਾ ਮਾਸ ਮੀਡੀਆ ਵਿੰਗ ਇਸ ਮੁਸ਼ਕਿਲ ਘੜੀ ਵਿੱਚ ਲੋਕਾਂ ਦਾ ਸਾਥੀ ਬਣ ਗਿਆ ਹੈ।

ਉਨਾਂ ਕਿਹਾ ਕਿ ਜ਼ਿਲਾ ਮਾਸ ਮੀਡੀਆ ਵਿੰਗ ਵਿੱਚ ਡਿਪਟੀ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ, ਜ਼ਿਲਾ ਬੀ ਸੀ ਸੀ ਕੋਆਰਡੀਨੇਟਰ ਨਰਿੰਦਰ ਕੁਮਾਰ, ਪ੍ਰੋਜੈਕਨਿਸ਼ਟ ਕੇਵਲ ਕ੍ਰਿਸ਼ਨ ਅਤੇ ਜਗਦੀਸ਼ ਰਾਮ ਜਿਲਾ ਪੱਧਰ 'ਤੇ ਡਿਊਟੀ ਨਿਭਾ ਰਹੇ ਹਨ। ਇਸੇ ਤਰਾਂ ਬਲਾਕ ਐਕਸਟੈਂਸਨ ਐਜੂਕੇਟਰ ਸੰਜੀਵ ਸ਼ਰਮਾ ਬਲਾਕ ਭਗਤਾ, ਲਖਵਿੰਦਰ ਸਿੰਘ ਬਲਾਕ ਗੋਨਿਆਣਾ, ਜਗਤਾਰ ਸਿੰਘ ਬਲਾਕ ਬਾਲਿਆਂਵਾਲੀ, ਸਾਹਿਲ ਪੁਰੀ ਬਲਾਕ ਸੰਗਤ ਵਿਖੇ ਡਿਊਟੀ ਕਰ ਰਹੇ ਹਨ। ਜਦਕਿ ਬੀ ਈ ਈ ਸਿਵਾਨੀ ਅਰੋੜਾ ਅਤੇ ਪਵਨਪ੍ਰੀਤ ਕੌਰ ਬਲਾਕ ਨਥਾਣਾ ਵਿਖੇ ਆਪਣੇ ਛੋਟੇ ਬੱਚਿਆਂ ਦੀ ਪ੍ਰਵਾਹ ਨਾ ਕਰਦਿਆਂ ਇਸ ਮੁਹਿੰਮ ਵਿੱਚ ਡਟੀਆਂ ਹੋਈਆਂ ਹਨ ਅਤੇ ਹਰਵਿੰਦਰ ਸਿੰਘ ਜੋ ਕਿ ਭਾਰਤੀ ਜਲ ਸੈਨਾ ਦੇ ਤਜ਼ਰਬੇ ਨਾਲ ਬਲਾਕ ਤਲਵੰਡੀ ਸਾਬੋ ਵਿਖੇ ਕੋਰੋਨਾ ਖਿਲਾਫ ਹਰ ਮੋਰਚੇ ਤੇ ਡਟੇ ਹੋਏ ਹਨ।

ਇਸ ਤੋਂ ਬਿਨਾ ਮਾਸ ਮੀਡੀਆ ਦੀ ਟੀਮ ਵੱਲੋਂ ਕੋਵਿਡ-19 ਤਹਿਤ ਆਸ਼ਾ ਤੇ ਸਟਾਫ ਸਿਖਲਾਈ, ਇਕਾਂਤਵਾਸ ਕੀਤੇ ਵਿਅਕਤੀਆਂ ਨਾਲ ਤਾਲਮੇਲ ਅਤੇ ਮਾਨਸਿਕ ਮਨੋਦਸ਼ਾ ਦੀ ਉਨਤੀ ਲਈ ਕੀਤੀ ਕਾਊਸਲਿੰਗ, ਮੀਡੀਆ ਰਿਪੋਰਟਿੰਗ ਕਰਨੀ ਅਤੇ ਹੋਰ ਆਈ.ਈ.ਸੀ. ਗਤੀਵਿਧੀਆਂ ਰਾਹੀਂ ਕਰੋਨਾ ਬਿਮਾਰੀ ਦੀ ਲੜੀ ਤੋੜਨ ਵਿੱਚ ਵਿੰਗ ਦਾ ਵੱਡਮੁੱਲਾ ਯੋਗਦਾਨ ਹੈ।

I/24769/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਪਿਛਲੇ ਦੋ ਦਿਨਾਂ ਦੌਰਾਨ ਸਹਿਕਾਰੀ ਸਭਾਵਾਂ ਵਲੋਂ 61,29,991 ਰੁਪਏ ਦੀ ਵੇਚੀ ਖਾਦ

ਵੇਰਕਾ ਨੇ 2,31,688 ਲੀਟਰ ਦੁੱਧ ਦੀ ਕਿਸਾਨਾਂ ਤੋਂ ਕੀਤੀ ਖ਼ਰੀਦ

ਵੇਰਕਾ ਤੇ ਮਾਰਕਫੈਡ ਵਲੋਂ ਲੋਕਾਂ ਦੇ ਦਰਾਂ ਤੱਕ ਮੁਹੱਈਆ ਕਰਵਾਇਆ ਜਾ ਰਿਹਾ ਹੈ ਲੋੜੀਂਦਾ ਸਮਾਨ

ਬਠਿੰਡਾ, 14 ਮਈ : ਕਰੋਨਾ ਵਾਇਰਸ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ੍ਰੀ ਬੀ.ਸ੍ਰੀਨਿਵਸਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਚਲਦਿਆਂ ਸਹਿਕਾਰੀ ਸਭਾਵਾਂ ਵਲੋਂ ਪਿਛਲੇ ਦਿਨੀਂ ਜ਼ਿਲਾ ਬਠਿੰਡਾ ’ਚ ਕੁੱਲ 27,26,221 ਰੁਪਏ ਦਾ ਜ਼ਰੂਰੀ ਵਸਤਾਂ ਦਾ ਸਮਾਨ ਜਿਵੇਂ ਕਿ ਘਿਓ, ਦਾਲਾਂ, ਤੇਲ, ਖੰਡ ਆਦਿ ਅਤੇ ਕੈਟਲਫੀਡ ਸਹਿਕਾਰੀ ਸਭਾਵਾਂ ਦੁਆਰਾ ਘਰੋਂ-ਘਰੀ ਦਿੱਤਾ ਗਿਆ ਤੇ 61,29,991 ਰੁਪਏ ਦੀ ਖਾਦ ਵੀ ਸਹਿਕਾਰੀ ਸਭਾਵਾਂ ਦੁਆਰਾ ਮੈਂਬਰਾਂ ਨੂੰ ਵੇਚੀ ਗਈ ਹੈ। ਇਹ ਜਾਣਕਾਰੀ ਸਹਿਕਾਰੀ ਸਭਾਵਾਂ ਦੇ ਉਪ ਰਜਿਸਟਰਾਰ ਸ੍ਰੀ ਅਨਿਲ ਕੁਮਾਰ ਨੇ ਸਾਂਝੀ ਕੀਤੀ।

ਇਸ ਬਾਰੇ ਹੋਰ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਉਪ ਰਜਿਸਟਰਾਰ ਨੇ ਦੱਸਿਆ ਕਿ ਵੇਰਕਾ ਮਿਲਕ ਪਲਾਂਟ ਬਠਿੰਡਾ ਵੱਲੋ 2,31,688 ਲੀਟਰ ਦੁੱਧ ਦੀ ਕਿਸਾਨਾਂ ਤੋਂ ਖ਼ਰੀਦ ਕੀਤੀ ਗਈ ਹੈ। ਇਸੇ ਤਰਾਂ ਆਪਣੀਆਂ ਵੈਨਾਂ ਰਾਹੀਂ 95,129 ਲੀਟਰ ਦੁੱਧ ਦੀ ਸਪਲਾਈ ਆਮ ਲੋਕਾਂ ਨੂੰ ਉਨਾਂ ਦੇ ਦਰਾਂ ਤੱਕ ਕੀਤੀ ਗਈ ਹੈ। ਇਸ ਤੋ ਇਲਾਵਾਂ ਵੇਰਕਾ ਵੱਲੋਂ 9,961 ਕਿਲੋ ਦਹੀਂ, 6,359 ਕਿਲੋਂ ਪਨੀਰ, 14,544 ਲੀਟਰ ਲੱਸੀ, 2989 ਲੀਟਰ ਆਈਸ ਕਰੀਮ ਤੇ ਇਸੇ ਤਰਾਂ ਵੇਰਕਾ ਵਲੋਂ ਘਿਓ ਦੀ ਨਿਰਵਿਘਨ ਸਪਲਾਈ ਵੀ ਆਮ ਜਨਤਾ ਨੂੰ ਮੁਹੱਈਆ ਕਰਵਾਈ ਗਈ।

ਉਨਾਂ ਦੱਸਿਆ ਕਿ ਇਸੇ ਤਰਾਂ ਮਾਰਕਫੈਡ ਬਠਿੰਡਾ ਵੱਲੋਂ ਸੇਲ ਪੁਆਇੰਟਾਂ ਰਾਹੀਂ ਲੋਕਾਂ ਨੂੰ 6000 ਲੀਟਰ ਘਿਓ ਤੇ 15,600 ਰੁਪਏ ਦੀਆਂ ਹੋਰ ਜ਼ਰੂਰੀ ਵਸਤਾਂ ਦੀ ਆਮ ਲੋਕਾਂ ਨੂੰ ਸਪਲਾਈ ਵੀ ਕੀਤੀ ਗਈ। ਮਾਰਕਫੈਡ ਬਠਿੰਡਾ ਵੱਲੋ 10 ਟਨ ਕੈਟਲ ਫੀਡ ਦੀ ਸੇਲ ਵੀ ਕੀਤੀ ਗਈ। ਉਨਾਂ ਕਿਹਾ ਕਿ ਸੈਲਫ-ਹੈਲਪ ਗਰੁੱਪਾਂ ਤੋਂ ਠੀਕ ਰੇਟਾਂ ’ਤੇ ਫੇਸ ਮਾਸਕ ਖ਼ਰੀਦ ਕੇ ਸਹਿਕਾਰੀ ਸਭਾਵਾਂ ਤੇ ਹੋਰ ਸਹਿਕਾਰਤਾ ਅਦਾਰੇ ਜਿਵੇਂ ਕਿ ਸਹਿਕਾਰੀ ਬੈਂਕ, ਡੀ.ਸੀ.ਯੂ, ਪੀ.ਏ.ਡੀ.ਬੀ ਬੈਂਕ ਬਰਾਂਚਾਂ ’ਚ ਫੇਸ ਮਾਸਕ ਅਤੇ ਸੈਨੇਟਾਈਜ਼ਰ ਵੰਡੇ ਗਏ।

I/24771/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਸੱਤੋਂ ਦਿਨ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਖੁਲਣਗੀਆਂ ਦੁਕਾਨਾਂ-ਜ਼ਿਲ੍ਹਾ ਮੈਜਿਸਟ੍ਰੇਟ

ਕੁਝ ਵਿਸੇਸ਼ ਸ਼੍ਰੇਣੀਆਂ ਦੀਆਂ ਦੁਕਾਨਾਂ ਅਤੇ ਅਦਾਰੇ ਹਾਲੇ ਵੀ ਰਹਿਣਗੇ ਬੰਦ

ਬਠਿੰਡਾ, 14 ਮਈ : ਪੰਜਾਬ ਸਰਕਾਰ ਦੀਆਂ ਸੋਧੀਆਂ ਹਦਾਇਤਾਂ ਦੇ ਮੱਦੇਨਜਰ ਬਠਿੰਡਾ ਜ਼ਿਲੇ ਵਿਚ ਦੁਕਾਨਾਂ ਖੋਲਣ ਸਬੰਧੀ ਪੁਰਾਣੇ ਹੁਕਮਾਂ ਵਿਚ ਸੋਧ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਨਵੇਂ ਹੁਕਮ ਜਾਰੀ ਕੀਤੇ ਹਨ। ਜ਼ਿਲਾ ਮੈਜਿਸਟ੍ਰੇਟ ਸ੍ਰੀ ਬੀ. ਸ੍ਰੀਨਿਵਾਸਨ ਵਲੋਂ ਜਾਰੀ ਨਵੇਂ ਹੁਕਮਾਂ ਅਨੁਸਾਰ ਹੁਣ ਦੁਕਾਨਾਂ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਖੁੱਲਣਗੀਆਂ ਅਤੇ ਇਹ ਦੁਕਾਨਾਂ ਹਫ਼ਤੇ ਦੇ ਸੱਤੋਂ ਦਿਨ ਭਾਵ ਸੋਮਵਾਰ ਤੋਂ ਐਤਵਾਰ ਤੱਕ ਖੁੱਲ ਸਕਣਗੀਆਂ।

ਪਰ ਇਸ ਦੌਰਾਨ ਕੁਝ ਖਾਸ ਸ਼੍ਰੇਣੀ ਦੀਆਂ ਦੁਕਾਨਾਂ ਅਤੇ ਅਦਾਰੇ ਹਾਲੇ ਵੀ ਬੰਦ ਰਹਿਣਗੇ। ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਸੁਪਰ ਸਟੋਰ ਜਿਵੇਂ ਕਿ ਰਿਲਾਇੰਸ, ਬੈਸਟ ਪ੍ਰਾਈਸ, ਵਿਸ਼ਾਲ ਮੈਗਾ ਮਾਰਟ, ਬਿੱਗ ਬਜਾਰ, ਇਜੀ ਡੇਅ ਨੂੰ ਖੁੱਲਣ ਦੀ ਆਗਿਆ ਨਹੀਂ ਦਿੱਤੀ ਗਈ ਹੈ ਪਰ ਇਹ ਘਰਾਂ ਵਿਚ ਸਮਾਨ ਦੀ ਹੋਮ ਡਲੀਵਰੀ ਦੇ ਸਕਣਗੇ।

ਇਸੇ ਤਰਾਂ ਸਾਰੇ ਮਾਲਜ਼, ਢਾਬੇ, ਰੈਸਟੋਰੈਂਟ, ਕਲੱਬ, ਹੋਟਲ, ਇਟਿੰਗ ਪੁਆਇੰਟ, ਅਹਾਤੇ, ਜਿੰਮ, ਸਪੋਰਟ ਕੰਪਲੈਕਸ, ਸਵੀਮਿੰਗ ਪੂਲ, ਬਾਰਬਰ ਸ਼ਾਪ, ਬਿਊਟੀ ਸਲੂਨ, ਥਿਏਟਰ, ਇੰਟਰਟੇਨਮੈਂਟ ਪਾਰਕ, ਹੋਸਪਟਿਲੀਟੀ ਸਰਵਿਸਜ਼, ਬਾਰ ਇਸ ਦੌਰਾਨ ਪਹਿਲਾਂ ਦੀ ਤਰਾਂ ਬੰਦ ਰਹਿਣਗੇ।

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਇਸ ਸਮੇਂ ਦੋਰਾਨ ਆਮ ਜਨਤਾ ਲਈ ਦੋਪਹੀਆ ਜਾਂ ਚਾਰ ਪਹੀਆ ਵਾਹਨਾਂ ਦੀ ਵਰਤੋਂ ਤੇ ਰੋਕ ਹੋਵੇਗੀ ਪਰ ਦੁਕਾਨਦਾਰ ਆਪਣੇ ਵਾਹਨ ਤੇ ਸਵੇਰੇ 6 ਤੋਂ ਸਵੇਰੇ 8 ਵਜੇ ਤੱਕ ਜਾ ਸਕਦੇ ਹਨ ਅਤੇ ਸ਼ਾਮ 5 ਤੋਂ 7 ਵਜੇ ਤੱਕ ਘਰ ਵਾਪਸ ਆ ਸਕਦੇ ਹਨ। ਬਾਕੀ ਕਿਸੇ ਵੀ ਸਮੇਂ ਵਾਹਨਾਂ ਦੀ ਆਵਾਜਾਈ ਨੂੰ ਕਰਫਿਊ ਦੀ ਉਲੰਘਣਾ ਮੰਨਿਆ ਜਾਵੇਗਾ।

ਇਸ ਸਬੰਧੀ ਹੋਰ ਹਦਾਇਤਾਂ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਆਮ ਲੋਕ ਕੇਵਲ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਹੀ ਦੁਕਾਨਾਂ ਤੋਂ ਖਰੀਦਦਾਰੀ ਕਰ ਸਕਣਗੇ ਅਤੇ ਇਸ ਤੋਂ ਬਾਅਦ ਸਭ ਨੂੰ ਘਰਾਂ ਅੰਦਰ ਜਾਣਾ ਹੋਵੇਗਾ।ਘਰ ਤੋਂ ਬਾਹਰ ਆਉਣ ਸਮੇਂ ਮਾਸਕ ਲਾਜ਼ਮੀ ਪਾਓ ਅਤੇ ਦਸਤਾਨੇ, ਹੱਥ ਧੋਣ ਅਤੇ ਸੈਨੇਟਾਈਜਰ ਦੀ ਵਰਤੋਂ ਅਤੇ ਆਪਸੀ ਦੂਰੀ ਦਾ ਹਰ ਕੋਈ ਖਿਆਲ ਰੱਖੇ।

ਕਿਸੇ ਨੂੰ ਵੀ ਬੇਕਰੀ ਜਾਂ ਹੋਰ ਦੁਕਾਨ ਤੇ ਬੈਠਕੇ ਖਾਣਾ ਖਾਣ ਦੀ ਆਗਿਆ ਨਹੀਂ ਹੋਵੇਗੀ ਅਤੇ ਖਰੀਦਦਾਰੀ ਕਰਕੇ ਤੁਰੰਤ ਘਰ ਮੁੜ ਜਾਓ। ਦੁਕਾਨਦਾਰਾਂ ਨੂੰ ਅਪੀਲ ਹੈ ਕਿ ਉਹ ਇਸ ਸਮੇਂ ਘਰੋ ਘਰੀ ਸਪਲਾਈ ਨੂੰ ਉਤਸਾਹਿਤ ਕਰਨ। ਦੁਕਾਨਦਾਰ ਆਪਣੀਆਂ ਦੁਕਾਨਾਂ ਬਾਹਰ 1 ਮੀਟਰ ਦੇ ਵਕਫੇ ਤੇ ਸਰਕਲ ਲਗਾਉਣਗੇ ਤਾਂ ਜ਼ੋ ਗ੍ਰਾਹਕਾਂ ਵਿਚ ਸਮਾਜਿਕ ਦੂਰੀ ਬਣਾਈ ਰੱਖੀ ਜਾ ਸਕੇ। ਦੁਕਾਨਦਾਰ ਇਹ ਵੀ ਯਕੀਨੀ ਬਣਾਉਣਗੇ ਕਿ ਉਨ੍ਹਾਂ ਨੇ ਖੁਦ ਤੇ ਸਟਾਫ ਨੇ ਮਾਸਕ ਪਾਇਆ ਹੋਵੇ ਅਤੇ ਉਹ ਅਜਿਹੇ ਕਿਸੇ ਵਿਅਕਤੀ ਨੂੰ ਸਮਾਨ ਨਹੀਂ ਵੇਚਣਗੇ ਜਿਸ ਨੇ ਮਾਸਕ ਨਾ ਪਾਇਆ ਹੋਵੇ।

ਹਰੇਕ ਦੁਕਾਨਦਾਰ ਹੈਂਡ ਸਾਇਨੇਟਾਇਜਰ ਰੱਖੇਗਾ ਤਾਂ ਜ਼ੋ ਦੁਕਾਨ ਵਿਚ ਆਉਣ ਵਾਲਾ ਹਰ ਗ੍ਰਾਹਕ ਤੇ ਦੁਕਾਨਦਾਰ ਇਸ ਨਾਲ ਹੱਥ ਸਾਫ ਕਰ ਸਕੇ। ਕੋਈ ਵੀ ਗ੍ਰਾਹਕ ਦੁਕਾਨ ਵਿਚ ਰੱਖੀ ਕਿਸੇ ਵਸਤ ਜਾਂ ਹੋਰ ਚੀਜ ਨੂੰ ਛੂਹੇ ਨਾ।ਦੁਕਾਨਦਾਰ ਗ੍ਰਾਹਕ ਨੂੰ ਡਿਜਟਿਲ ਤਰੀਕੇ ਨਾਲ ਭੁਗਤਾਨ ਕਰਨ ਲਈ ਉਤਸਾਹਿਤ ਕਰੇ।ਨਗਦੀ ਦੇ ਭੁਗਤਾਨ ਬਾਅਦ ਗ੍ਰਾਹਕ ਅਤੇ ਦੁਕਾਨਦਾਰ ਦੋਨੋਂ ਹੱਥ ਅਲਕੋਹਲ ਵਾਲੇ ਸੈਨੇਟਾਈਜਰ ਨਾਲ ਸਾਫ ਕਰਨ। ਇੰਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

I/24773/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

ਬਠਿੰਡਾ 33 ਹੋਰ ਰਿਪੋਰਟਾਂ ਪ੍ਰਾਪਤ, 1 ਹੋਰ ਪਾਜਿਟਿਵ ਕੇਸ ਆਇਆ, 32 ਨੈਗੇਟਿਵ ਰਿਪੋਰਟਾਂ

-ਇਕ ਮਰੀਜ ਹੋਈ ਪੂਰੀ ਤਰਾਂ ਠੀਕ

-16 ਦੀਆਂ ਪਹਿਲੀਆਂ ਮੁੜ ਜਾਂਚ ਰਿਪੋਰਟਾਂ ਵੀ ਨੈਗੇਟਿਵ

-ਨਵਾਂ ਕੇਸ ਪਹਿਲਾਂ ਤੋਂ ਹੀ ਸੀ ਇਕਾਂਤਵਾਸ ਵਿਚ

ਬਠਿੰਡਾ, 14 ਮਈ : ਬਠਿੰਡਾ ਜ਼ਿਲ੍ਹੇ ਵਿਚ ਅੱਜ ਇਕ ਕਰੋਨਾ ਨਾਲ ਲੜ ਰਹੀ ਔਰਤ ਪੂਰੀ ਤਰਾਂ ਠੀਕ ਹੋ ਗਈ ਅਤੇ ਉਸਦੀ ਦੂਸਰੀ ਮੁੜ ਜਾਂਚ ਰਿਪੋਰਟ ਵੀ ਨੈਗੇਟਿਵ ਆ ਗਈ ਹੈ। ਜਦ ਕਿ ਅੱਜ ਪ੍ਰਾਪਤ 33 ਰਿਪੋਰਟਾਂ ਅਨੁਸਾਰ ਜ਼ਿਲ੍ਹੇ ਵਿਚ

ਇਕ ਹੋਰ ਕਰੋਨਾ ਮਰੀਜ ਦੀ ਪੁਸ਼ਟੀ ਹੋਈ ਹੈ ਪਰ ਇਹ ਰਾਜ ਤੋਂ ਬਾਹਰ ਤੋਂ ਪਰਤਿਆ ਸੀ ਅਤੇ ਪਹਿਲਾਂ ਤੋਂ ਹੀ ਕੁਆਰਨਟਾਈਨ ਵਿਚ ਸੀ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਅੱਜ ਕੁੱਲ 33 ਰਿਪੋਰਟਾਂ ਪ੍ਰਾਪਤ ਹੋਈਆਂ ਹਨ। ਇੰਨ੍ਹਾਂ ਵਿਚੋਂ ਇਕ ਰਿਪੋਰਟ ਪਾਜਿਟਿਵ ਆਈ ਹੈ ਪਰ ਉਕਤ ਵਿਅਕਤੀ ਪਹਿਲਾਂ ਤੋਂ ਹੀ ਇਕਾਂਤਵਾਸ ਵਿਚ ਸੀ। ਇਸ ਤੋਂ ਬਿਨ੍ਹਾਂ ਜ਼ਿਲ੍ਹੇ ਵਿਚ ਸਭ ਤੋਂ ਪਹਿਲੇ ਦਿਨ ਆਈ ਮਰੀਜ ਦੀ ਦੂਜੀ ਰਿਪੋਰਟ ਵੀ ਨੈਗੇਟਿਵ ਆਈ ਹੈ ਅਤੇ ਹੁਣ ਉਸਨੂੰ ਘਰ ਭੇਜ਼ ਦਿੱਤਾ ਜਾਵੇਗਾ।

ਇਸ ਤੋਂ ਬਿਨ੍ਹਾਂ ਹਸਤਪਾਲ ਵਿਚ ਇਲਾਜ ਅਧੀਨ 16 ਵਿਅਕਤੀਆਂ ਦੇ ਮੁੜ ਜਾਂਚ ਨਮੂਨਿਆਂ ਦੇ ਨਤੀਜੇ ਵੀ ਨੈਗੇਟਿਵ ਆਏ ਹਨ। ਭਲਕੇ ਉਨ੍ਹਾਂ ਦੇ ਦੁਬਾਰਾ ਨਮੂਨੇ ਜਾਂਚ ਲਈ ਭੇਜੇ ਜਾਣਗੇ ਅਤੇ ਜੇਕਰ ਦੂਸਰੀ ਰਿਪੋਟ ਵੀ ਨੈਗੇਟਿਗ ਆਈ ਤਾਂ ਉਨ੍ਹਾਂ ਨੂੰ ਵੀ ਛੁੱਟੀ ਦੇ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੀਰਵਾਰ ਨੂੰ ਲਏ ਗਏ 30 ਨਮੂਨਿਆਂ ਤੋਂ ਇਲਾਵਾ ਹੁਣ ਹੋਰ ਕਿਸੇ ਨਮੂਨੇ ਦੀ ਰਿਪੋਰਟ ਬਕਾਇਆ ਨਹੀਂ ਹੈ।ਹੁਣ ਜ਼ਿਲ੍ਹੇ ਵਿਚ ਐਕਟਿਵ ਮਰੀਜਾਂ ਦੀ ਗਿਣਤੀ 41 ਹੈ ਜਦ ਕਿ ਇਕ ਮਰੀਜ ਇਸ ਤੋਂ ਇਲਾਵਾ ਹੋਰ ਜ਼ਿਲ੍ਹੇ ਨਾਲ ਸਬੰਧਤ ਹੈ ਜਿਸ ਦਾ ਬਠਿੰਡਾ ਜ਼ਿਲ੍ਹੇ ਵਿਚ ਇਲਾਜ ਹੋ ਰਿਹਾ ਹੈ।

I/24794/2020